# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times — 22 ਮਈ 2024 ਦਿਨ ਬੁੱਧਵਾਰ — ਈ-ਪੇਪਰ ਵਰਲਡ ਪੰਜਾਬੀ ਟਾਈਮਜ਼

## ਪ੍ਰਭ ਆਸਰਾ ਪਡਿਆਲਾ ਵਿਖੇ ਮਾਨਸਿਕ ਸਿਹਤ ਸਬੰਧੀ ਜਾਗਰੂਕਤਾ ਸਮਾਗਮ 28 ਮਈ ਨੂੰ

### ਹਰਫਨਮੌਲਾ ਤੇ ਸਦਾਬਹਾਰ ਫ਼ਨਕਾਰ ਗੁਰਪ੍ਰੀਤ ਘੁੱਗੀ ਕਰਨਗੇ ਸੰਗਤਾਂ ਨਾਲ਼ ਖੁੱਲੀਆਂ ਵਿਚਾਰਾਂ

ਵਰਲਡ ਪੰਜਾਬੀ ਟਾਈਮਜ਼ ਗੁਰਬਿੰਦਰ ਸਿੰਘ ਰੋਮੀ

ਕੁਰਾਲ਼ੀ, 22 ਮਈ : ਮਈ ਦਾ ਮਹੀਨਾ ਸੰਸਾਰ ਭਰ ਵਿੱਚ ਮਾਨਸਿਕ ਸਿਹਤ ਜਾਗਰੂਕਤਾ ਮਹੀਨੇ ਵਜੋਂ ਮਨਾਇਆ ਜਾਂਦਾ ਹੈ। ਜਿਸ ਦੇ ਚਲਦਿਆਂ ਪ੍ਰਭ ਆਸਰਾ ਪਡਿਆਲਾ (ਕੁਰਾਲ਼ੀ) ਵਿਖੇ 28 ਮਈ ਮੰਗਲਵਾਰ ਨੂੰ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ। ਜਿਸ ਬਾਰੇ ਸੰਸਥਾ ਮੁਖੀ ਸ. ਸ਼ਮਸ਼ੇਰ ਸਿੰਘ ਜੀ ਅਤੇ ਬੀਬੀ ਰਜਿੰਦਰ ਕੌਰ ਜੀ ਨੇ ਦੱਸਿਆ ਕਿ ਸ਼ਾਮ




04:00 ਤੋਂ 07:00 ਵਜੇ ਤੱਕ ਹੋਣ ਵਾਲ਼ੇ ਇਸ ਸਮਾਗਮ ਦੌਰਾਨ ਵੱਖੋ-ਵੱਖ ਕਾਲਜਾਂ ਦੇ ਵਿਦਿਆਰਥੀ ਅਤੇ ਸੰਸਥਾ ਦੇ ਬੱਚੇ ਸਭਿਆਚਾਰਕ ਪ੍ਰੋਗਰਾਮ ਪੇਸ਼ ਕਰਨਗੇ। ਪੰਜਾਬੀ ਸਿਨੇਮਾ, ਟੈਲੀਵਿਜ਼ਨ ਤੇ ਰੰਗਮੰਚ ਦੀ ਪ੍ਰਸਿੱਧ ਸ਼ਖਸੀਅਤ ਸ. ਗੁਰਪ੍ਰੀਤ ਘੁੱਗੀ ਅਤੇ ਮਾਨਸਿਕ ਸਿਹਤ ਮਾਹਿਰਾਂ ਨਾਲ਼ ਪ੍ਰਭਾਵਸ਼ਾਲੀ ਸਵਾਲ-ਜਵਾਬ ਸ਼ੈਸ਼ਨ ਹੋਵੇਗਾ। ਉਨ੍ਹਾਂ ਸਮੂਹ ਸੰਗਤ ਨੂੰ ਸ਼ਾਮਲ ਹੋਣ ਲਈ ਖੁੱਲ੍ਹਾ ਸੱਦਾ ਦਿੱਤਾ।

## ਬਾਬਾ ਫ਼ਰੀਦ ਪਬਲਿਕ ਸਕੂਲ ਦੇ 58 ਵਿਦਿਆਰਥੀਆਂ ਨੇ ਸਕਾਊਟਸ ਅਤੇ ਗਾਈਡਜ ਕੈਂਪ ਵਿੱਚ ਹਿੱਸਾ ਲਿਆ

ਵਰਲਡ ਪੰਜਾਬੀ ਟਾਈਮਜ਼

ਫਰੀਦਕੋਟ, 22 ਮਈ : ਬਾਬਾ ਫਰੀਦ ਜੀ ਦੀ ਅਪਾਰ ਰਹਿਮਤ ਨਾਲ ਚੱਲ ਰਹੀ ਸੰਸਥਾ ਬਾਬਾ ਫ਼ਰੀਦ ਪਬਲਿਕ ਸਕੂਲ ਦੇ ਅੱਠਵੀਂ ਤੋਂ ਦਸਵੀਂ ਜਮਾਤ ਦੇ 58 ਵਿਦਿਆਰਥੀਆਂ ਨੇ 45 ਰਾਜ ਪੁਰਸਕਾਰ,13 ਹਾਈਕਿੰਗ ਟਰੈਕਿੰਗ ਅਤੇ ਨੇਚਰ ਸਟੱਡੀ ਕੈਂਪ ਲਗਾਇਆ ਗਿਆ। ਜੋ ਕਿ ਤਾਰਾ ਦੇਵੀ ਸ਼ਿਮਲਾ ਵਿਖੇ ਆਯੋਜਿਤ ਕੀਤਾ ਗਿਆ ਸੀ। ਅਦਾਰੇ ਦੇ ਪ੍ਰਿੰਸੀਪਲ ਸ੍ਰੀਮਤੀ ਸੁਖਦੀਪ ਕੌਰ ਜੀ ਨੇ



ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 9 ਮਈ ਤੋਂ 12 ਮਈ ਤੱਕ ਆਯੋਜਿਤ ਇਸ ਕੈਂਪ ਵਿੱਚ ਭਾਰਤ ਸਕਾਊਟ ਐਂਡ ਗਾਈਡ ਦੇ ਐਸ.ਓ.ਐੱਫ. ਉਕਾਰ ਸਿੰਘ, ਐਸ.ਟੀ.ਸੀ. ਹੇਮੰਤ ਕੁਮਾਰ ਦੀ ਅਗਵਾਈ ਹੇਠ ਇਹ ਕੈਂਪ ਲਗਵਾਇਆ ਗਿਆ। ਇਸ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਹਾਈਕਿੰਗ ਟਰੈਕਿੰਗ, ਰੋਪ ਕਲਾਈਬਿੰਗ ਦੀ ਟ੍ਰੇਨਿੰਗ ਦਿੱਤੀ ਗਈ, ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਮੋਬਾਈਲ ਤੋਂ ਦੂਰ ਰੱਖਦਿਆਂ ਹੋਇਆਂ ਕਈ ਤਰ੍ਹਾਂ ਦੀਆਂ ਖੇਡਾਂ ਖਿਡਾਈਆਂ ਗਈਆਂ ਤੇ ਉਹਨਾਂ ਅੰਦਰ ਸਹੀ ਜ਼ਿੰਦਗੀ ਜਿਉਣ ਲਈ ਉਤਸ਼ਾਹ ਭਰਿਆ ਗਿਆ। ਅਧਿਆਪਕ ਸ਼੍ਰੀਮਤੀ ਰੰਜਨਾ ਥਾਪਰ ਅਤੇ ਅਨਮੋਲ ਸਿੰਘ ਦੀ ਦੇਖ-ਰੇਖ ਹੇਠ ਵਿਦਿਆਰਥੀਆਂ ਨੇ ਇਸ ਕੈਂਪ ਵਿੱਚ ਸਕਾਊਟ ਐਂਡ ਗਾਈਡ ਦੇ ਨਿਯਮ, ਸਕਾਰਤਮਕ ਸੋਚ, ਅਨੁਸ਼ਾਸਨ ਵਿੱਚ ਰਹਿਣਾ ਅਤੇ ਦੇਸ਼ ਭਗਤੀ ਦੀ ਭਾਵਨਾ ਵਰਗੇ ਆਦਿ ਗੁਣਾਂ ਨੂੰ ਗ੍ਰਹਿਣ ਕੀਤਾ। ਇਸ ਅਨੁਸਾਰ ਵਿਦਿਆਰਥੀਆਂ ਦਾ ਰਾਜ ਪੁਰਸਕਾਰ ਦੇ ਬੈਜਾ ਲਈ ਟੈਸਟ ਵੀ ਲਿਆ ਗਿਆ ਤੇ ਅੱਗਿਓਂ ਵਿਦਿਆਰਥੀ ਰਾਸ਼ਟਰਪਤੀ ਅਵਾਰਡ ਦੀਆਂ ਤਿਆਰੀਆਂ ਕਰਨਗੇ। ਸੰਸਥਾ ਦੇ ਪ੍ਰਧਾਨ ਸਰਦਾਰ ਸਿਮਰਜੀਤ ਸਿੰਘ ਸੇਖੋ ਜੀ ਨੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੰਦਿਆਂ ਹੋਇਆਂ ਕਿਹਾ ਕਿ ਬਾਬਾ ਫਰੀਦ ਪਬਲਿਕ ਸਕੂਲ ਦੇ ਵਿਦਿਆਰਥੀ ਸਿਰਫ ਅਕਾਦਮਿਕ ਵਿੱਚ ਹੀ ਨਹੀਂ ਸਗੋਂ ਸਹਿ-ਅਕਾਦਮਿਕ ਗਤੀਵਿਧੀਆਂ ਅਤੇ ਹੋਰ ਵੀ ਰਾਸ਼ਟਰੀ ਪੱਧਰ ਦੇ ਕੈਂਪਾਂ ਵਿੱਚ ਹਿੱਸਾ ਲੈਂਦੇ ਰਹਿੰਦੇ ਹਨ। ਉਹਨਾਂ ਨੇ ਮਾਣ ਮਹਿਸੂਸ ਕਰਦੇ ਹੋਏ ਕਿਹਾ ਕਿ ਸੰਸਥਾ ਦੇ ਵਿਦਿਆਰਥੀ ਸਮੁੱਚੇ ਸਟਾਫ ਦੀ ਯੋਗ ਅਗਵਾਈ ਹੇਠ ਦਿਨ ਦੁਗਣੀ ਅਤੇ ਰਾਤ ਚੌਗਣੀ ਤਰੱਕੀ ਕਰ ਰਹੇ ਹਨ।

## ਹਿੰਦੂ ਆਗੂਆਂ ਤੇ ਆਏ  ਦਿਨ ਹੁੰਦੇ ਹਮਲੇ ਚਿੰਤਾਜਨਕ — ਮਨਿੰਦਰ ਸਿੰਘ ਮਣੀ

### ਪੰਜਾਬ ਸਰਕਾਰ ਨੇ ਜੇਕਰ ਗੁੰਡਾ ਅਨਸਰਾਂ ਨੂੰ ਨੱਥ ਨਾ ਪਾਈ ਤਾਂ ਹਿੰਦੂ ਟਾਈਗਰ ਫੋਰਸ ਵੱਡੇ ਸੰਘਰਸ਼ ਲਈ ਮਜਬੂਰ ਹੋਵੇਗੀ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ



ਬਠਿੰਡਾ, 22 ਮਈ : ਭਾਰਤ ਇੱਕ ਲੋਕਤੰਤਰੀ ਦੇਸ਼ ਹੈ ਜਿੱਥੇ ਹਰ ਇਨਸਾਨ ਨੂੰ ਕਿਸੇ ਵੀ ਧਰਮ ਨੂੰ ਮੰਨਣ ਅਤੇ ਆਪਣੇ ਵਿਚਾਰ ਪ੍ਰਗਟ ਕਰਨ ਦਾ ਪੂਰਾ ਪੂਰਾ ਅਧਿਕਾਰ ਹੈ। ਪਰ ਇਸੇ ਹੀ ਦੇਸ਼ ਦੇ ਸੂਬੇ ਪੰਜਾਬ ਅੰਦਰ ਕੁੱਝ ਅਖੌਤੀ ਗਰਮ ਖ਼ਿਆਲੀ ਆਗੂ ਸੂਬੇ ਅੰਦਰ ਦਹਿਸ਼ਤ ਦਾ ਮਾਹੌਲ ਸਿਰਜਣ ਲਈ ਨਾ ਸਿਰਫ਼ ਹਿੰਦੂ ਧਰਮ ਆਗੂਆਂ ਦੀ ਅਵਾਜ ਹੀ ਦਬੱਣ ਦੀ ਕੋਸ਼ਿਸ਼ ਕਰ ਰਿਹਾ ਰਹੇ ਹਨ ਬਲਕਿ ਹਿੰਦੂ ਆਗੂਆਂ ਨੂੰ ਟਾਰਗੇਟ ਕਰਦਿਆਂ ਉਹਨਾਂ ਨੂੰ ਜਾਨੋਂ ਮਾਰਨ ਜਿਹੀਆਂ ਘਿਨਾਉਣੀਆਂ ਹਰਕਤਾਂ ਕਰਨ ਤੇ ਵੀ ਬਾਜ਼ ਨਹੀਂ ਆ ਰਹੇ। ਬੀਤੇ ਕੁਝ ਮਹੀਨੇ ਪਹਿਲਾਂ ਹਿੰਦੂ ਸਿਰਕੱਢ ਅਤੇ ਪਹਿਲੀ ਕਤਾਰ ਦੇ ਆਗੂ ਸੁਧੀਰ ਸੂਰੀ ਦਾ ਸ਼ਰੇਆਮ ਕਤਲ ਕਰ ਦੇਣਾ ਅਤੇ ਆਏ ਦਿਨ ਹਿੰਦੂ ਆਗੂਆਂ ਨੂੰ ਧਮਕੀਆਂ ਦੇਣਾ ਅਤੇ ਹੁਣ ਤਾਜ਼ਾ ਘਟਨਾ ਦੀ ਗੱਲ ਕਰੀਏ ਤਾਂ ਗੁਜ਼ਰਾਤ ਪੁਲਿਸ ਦੇ ਹੱਥ ਲੱਗੇ ਇੱਕ ਗੈਰ ਸਮਾਜਿਕ ਅਨਸਰ ਅਨਸਰ ਜਿਸਨੇ ਖੁਲਾਸਾ ਕੀਤਾ ਹੈ ਕਿ ਉਸਨੂੰ ਸ਼ਿਵ ਸੈਨਾ ਦੇ ਪੰਜਾਬ ਦੇ ਆਗੂ ਨਿਸ਼ਾਂਤ ਸ਼ਰਮਾ ਸਮੇਤ ਕੁੱਝ ਹੋਰ ਹਿੰਦੂ ਆਗੂਆਂ ਨੂੰ ਮਾਰਨ ਲਈ ਇੱਕ ਕਰੋੜ ਰੁਪਏ ਦੀ ਤੋਂ ਵੀ ਵੱਧ ਦੀ ਰਕਮ ਫਿਰੌਤੀ ਦੇ ਤੌਰ ਤੇ ਦਿੱਤੀ ਗਈ ਹੈ।ਇਹਨਾ ਸਾਰੀਆਂ ਗੱਲਾਂ ਤੋਂ ਇਹ ਸਪੱਸ਼ਟ ਹੁੰਦਾ।  ਹੈ ਕਿ ਪੰਜਾਬ ਸਮੇਤ ਭਾਰਤ ਵਿੱਚ ਹਿੰਦੂ ਸੁਰੱਖਿਅਤ ਨਹੀਂ ਹਨ। ਇਹਨਾ ਗੱਲਾਂ ਦਾ। ਪ੍ਰਗਟਾਵਾ ਹਿੰਦੂ ਟਾਈਗਰ ਫੋਰਸ ਦੇ ਕੌਮੀ ਆਗੂ ਮਨਿੰਦਰ ਸਿੰਘ ਮਣੀ ਨੇ ਮੀਡੀਆ ਨਾਲ ਗੱਲ ਕਰਦੇ ਹੋਏ ਕੀਤਾ। ਉਹਨਾਂ ਕਿਹਾ ਕਿ ਹਿੰਦੂ ਹਮੇਸ਼ਾ ਹੀ ਸ਼ਾਂਤੀ ਦਾ ਪ੍ਰਤੀਕ ਰਿਹਾ ਹੈ ਅਤੇ ਚਾਹੁੰਦਾ ਹੈ ਕਿ ਭਾਰਤ ਵਿੱਚ ਭਾਈਚਾਰਕ ਸਾਂਝ ਕਾਇਮ ਰਹੇ, ਪਰ ਹਿੰਦੂ ਵੀ ਇਸ ਸੋਚ ਨੂੰ ਕੁਝ ਲੋਕ ਕਮਜ਼ੋਰੀ ਸਮਝ ਰਹੇ ਹਨ।

ਮੀਡੀਆ ਨੂੰ ਸੰਬੋਧਨ ਹੁੰਦੇ ਹੋਏ ਮਨਿੰਦਰ ਸਿੰਘ ਮਣੀ ਨੇ ਅੱਗੇ ਕਿਹਾ ਕਿ ਪੰਜਾਬ ਅੰਦਰ ਹਿੰਦੂਆਂ ਤੇ   ਆਏ ਦਿਨ ਹਮਲੇ ਹੋਣਾ ਇਹ ਸਾਬਿਤ ਕਰਦਾ ਹੈ ਕਿ ਪੰਜਾਬ ਅੰਦਰ ਲਾ ਐਂਡ ਆਰਡਰ ਦੀ ਸਥਿਤੀ ਬੁਰੀ ਤਰ੍ਹਾਂ ਵਿਗੜ ਚੁੱਕੀ ਹੈ। ਉਹਨਾਂ ਪੰਜਾਬ ਸਰਕਾਰ ਨੂੰ ਚੇਤਾਵਨੀ ਰੂਪ ਵਿੱਚ ਕਿਹਾ ਕਿ ਹਿੰਦੂਆਂ ਦੇ ਹੋਣ ਵਾਲੇ ਹਮਲੇ ਬਰਦਾਸ਼ਤ ਨਹੀਂ ਕੀਤੇ ਜਾਣਗੇ। ਜੇਕਰ ਪੰਜਾਬ ਸਰਕਾਰ ਨੇ ਹਿੰਦੂ ਆਗੂਆਂ ਤੇ ਹਮਲਾ ਕਰਨ ਦੀ ਸਾਜਿਸ਼ ਰਚਣ ਵਾਲਿਆਂ ਤੇ ਨਥ ਨਾ ਪਾਈ ਤਾਂ ਹਿੰਦੂ ਟਾਈਗਰ ਫੋਰਸ ਧਰਨੇ ਪ੍ਰਦਰਸ਼ਨ ਕਰਨ ਦੇ ਨਾਲ ਨਾਲ ਸੜਕਾਂ ਜਾਮ ਕਰਨ ਲਈ ਵੀ ਮਜਬੂਰ ਹੋਵੇਗੀ। ਇਸ ਮੌਕੇ ਉਹਨਾਂ ਨਾਲ ਕਲੇਸ਼ ਸ਼ਰਮਾ, ਵਿਨੋਦ ਕੁਮਾਰ, ਸੁਖ ਰਵੀ, ਸੋਨੀ ,ਰਿੰਕੂ, ਸਤਨਾਮ ਸਿੰਘ, ਹਰਦੀਪ ਸਿੰਘ, ਦਰਸ਼ਨ, ਮੇਵਾ ਸਿੰਘ, ਪੂਰਨ ਅਤੇ ਸੁਨੀਲ ਕੁਮਾਰ ਆਦਿ ਮੌਜੂਦ ਸਨ।

## ਅਕਾਲੀ ਦਲ ਸੱਤਾ ’ਚ ਆਇਆ ਤਾਂ ਰਾਜਸਥਾਨ ਤੇ ਹਰਿਆਣਾ ਨਾਲ ਕੀਤੇ ਪਾਣੀਆਂ ਦੇ ਸਮਝੌਤੇ ਰੱਦ ਕਰੇਗਾ : ਸੁਖਬੀਰ ਬਾਦਲ

### ਕਿਹਾ! ਪ੍ਰਕਾਸ਼ ਸਿੰਘ ਬਾਦਲ ਨੇ ਸੇਮ ਦੀ ਸਮੱਸਿਆ ਖਤਮ ਕੀਤੀ ਤੇ ਜਮੀਨਾਂ ਨੂੰ ਵਾਹੀਯੋਗ ਬਣਾਇਆ

### ਫਰੀਦਕੋਟ, ਨਿਹਾਲ ਸਿੰਘ ਵਾਲਾ, ਧਰਮਕੋਟ ਅਤੇ ਮੋਗਾ ’ਚ ਵਿਸ਼ਾਲ ਰੈਲੀਆਂ ਨੂੰ ਕੀਤਾ ਸੰਬੋਧਨ

### ਕੇਂਦਰ ਦੀ ਭਾਜਪਾ ਸਰਕਾਰ ਤਖਤ ਹਜੂਰ ਸਾਹਿਬ ਅਤੇ ਪਟਨਾ ਸਾਹਿਬ ’ਤੇ ਆਰ.ਐੱਸ.ਐੱਸ. ਦਾ ਕਬਜਾ ਕਰਵਾਉਣਾ ਚਾਹੁੰਦੀ ਹੈ : ਸੁਖਬੀਰ ਬਾਦਲ

ਵਰਲਡ ਪੰਜਾਬੀ ਟਾਈਮਜ਼




ਫਰੀਦਕੋਟ, 22 ਮਈ : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੇ ਦਰਿਆਈ ਪਾਣੀਆਂ ਦੀ ਰਾਖੀ ਵਾਸਤੇ ਆਉਂਦੀਆਂ ਸੰਸਦੀ ਚੋਣਾਂ ’ਚ ਆਮ ਆਦਮੀ ਪਾਰਟੀ (ਆਪ) ਨੂੰ ਰੱਦ ਕਰ ਦੇਣ ਅਤੇ ਉਹਨਾਂ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਗੁਆਂਢੀ ਰਾਜਾਂ ਨਾਲ ਕੀਤੇ ਗਏ ਪਾਣੀਆਂ ਦੇ ਸਮਝੌਤੇ ਰੱਦ ਕਰੇਗੀ। ਅਕਾਲੀ ਦਲ ਦੇ ਪ੍ਰਧਾਨ, ਜਿੰਨਾਂ ਇੱਥੇ ਫਰੀਦਕੋਟ, ਨਿਹਾਲ ਸਿੰਘ ਵਾਲਾ, ਧਰਮਕੋਟ ਅਤੇ ਮੋਗਾ ਵਿਚ ਵਿਸ਼ਾਲ ਰੈਲੀਆਂ ਨੂੰ ਸੰਬੋਧਨ ਕੀਤਾ, ਨੇ ਜੋਰ ਦੇ ਕੇ ਕਿਹਾ ਕਿ ਰਾਜਸਥਾਨ ਕੋਲ ਪੰਜਾਬ ਦੇ ਦਰਿਆਈ ਪਾਣੀ ਹਾਸਲ ਕਰਨ ਦਾ ਕੋਈ ਹੱਕ ਨਹੀਂ ਹੈ ਕਿਉਂਕਿ ਉਹ ਗੈਰ ਰਾਈਪੇਰੀਅਨ ਰਾਜ ਹੈ। ਉਹਨਾਂ ਕਿਹਾ ਕਿ 1955 ਵਿਚ ਕਾਂਗਰਸ ਦੀ ਸਰਕਾਰ ਨੇ ਪੰਜਾਬ ਦਾ 16 ਐਮ.ਏ.ਐੱਫ. ਪਾਣੀ ਰਾਜਸਥਾਨ ਨੂੰ ਦੇ ਦਿੱਤਾ ਸੀ। ਉਹਨਾਂ ਕਿਹਾ ਕਿ ਇਸ ਕਾਰਣ ਮਾਲਵਾ ਪੱਟੀ ਨੂੰ ਬਹੁਤ ਨੁਕਸਾਨ ਪੁੱਜਾ। ਉਹਨਾਂ ਕਿਹਾ ਕਿ ਅੱਜ ਜਮੀਨ ਹੇਠਾਂ ਕਈ ਥਾਵਾਂ ’ਤੇ ਪਾਣੀ 1500 ਫੁੱਟ ਹੇਠਾਂ ਚਲਾ ਗਿਆ ਹੈ ਤੇ ਉਥੇ ਖੇਤੀ ਵਾਸਤੇ ਪਾਣੀ ਯੋਗ ਨਹੀਂ ਰਿਹਾ। ਉਹਨਾਂ ਕਿਹਾ ਕਿ ਸੂਬੇ ਵਿਚ ਅਕਾਲੀ ਦਲ ਦੀ ਸਰਕਾਰ ਬਣਨ ’ਤੇ ਅਸੀਂ ਸੂਬੇ ਨਾਲ ਦਰਿਆਈ ਪਾਣੀਆਂ ਦੀ ਸਾਂਝ ਬਾਰੇ ਕੀਤੇ ਸਾਰੇ ਸਮਝੌਤੇ ਰੱਦ ਕਰਾਂਗੇ ਤਾਂ ਜੋ ਤੁਹਾਡੇ ਖੇਤਾਂ ਨੂੰ ਪਾਣੀ ਮਿਲ ਸਕੇ। ਸੁਖਬੀਰ ਸਿੰਘ ਬਾਦਲ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ‘ਆਪ’ ਸਰਕਾਰ ਵੱਲੋਂ ਪੰਜਾਬ ਦਾ ਅੱਧਾ ਦਰਿਆਈ ਪਾਣੀ ਐਸ.ਵਾਈ.ਐਲ. ਨਹਿਰ ਰਾਹੀਂ ਹਰਿਆਣਾ ਨੂੰ ਦੇਣ ਦੀ ਸਾਜਿਸ਼ ਨੂੰ ਮੁੱਢੋਂ ਹੀ ਖਤਮ ਕਰ ਦੇਣ। ਉਹਨਾਂ ਕਿਹਾ ਕਿ ਭਾਵੇਂ ਪੰਜਾਬ ਦਾ ਇਸਦੇ ਖੇਤਰ ’ਚੋਂ ਲੰਘਦੇ ਸਾਰੇ ਦਰਿਆਵਾਂ ਦੇ ਪਾਣੀਆਂ ’ਤੇ ਅਨਿੱਖੜਵਾਂ ਹੱਕ ਹੈ ਪਰ ਤਹਿਤ ਨਹਿਰੀ ਪਾਣੀ ਨਾਲ ਸਿੰਜਣ ਵਾਲੀ ਧਰਤੀ ਦਾ ਸਰਵੇਖਣ ਕਰਕੇ ਇਸਦੀ ਰਿਪੋਰਟ ਸੁਪਰੀਮ ਕੋਰਟ ਵਿਚ ਪੇਸ਼ ਕਰਕੇ ਸੂਬੇ ਦਾ ਪਾਣੀ ਹਰਿਆਣਾ ਨੂੰ ਦੇਣ ਦੀ ਸਾਜਸਿ ਰਚੀ ਜਾ ਰਹੀ ਹੈ। ਉਹਨਾਂ ਕਿਹਾ ਕਿ ਇਸ ਮੁਤਾਬਕ ਹੀ ਮੁੱਖ ਮੰਤਰੀ ਭਗਵੰਤ ਮਾਨ ਨੇ ਨਹਿਰੀ ਪਟਵਾਰੀਆਂ ਤੇ ਮਾਲ ਵਿਭਾਗ ਦੇ ਸਟਾਫ ਨੂੰ ਹੁਕਮ ਦਿੱਤਾ ਹੈ ਕਿ ਉਹ ਜਾਅਲੀ ਸਰਵੇਖਣ ਤਿਆਰ ਕਰਨ ਕਿ ਪੰਜਾਬ ਵਿੱਚ 100 ਫੀਸਦੀ ਖੇਤਾਂ ਲਈ ਨਹਿਰੀ ਪਾਣੀ ਉਪਲਬਧ ਹੈ ਜਦੋਂ ਕਿ ਅਸਲ ਵਿੱਚ ਸਿਰਫ 23 ਫੀਸਦੀ ਖੇਤਾਂ ਤੱਕ ਹੀ ਨਹਿਰੀ ਪਾਣੀ ਪਹੁੰਚਦਾ ਹੈ।



ਉਹਨਾਂ ਕਿਹਾ ਕਿ ਅਜਿਹਾ ‘ਆਪ’ ਮੁਖੀ ਅਰਵਿੰਦ ਕੇਜਰੀਵਾਲ ਦੇ ਹੁਕਮਾਂ ’ਤੇ ਕੀਤਾ ਜਾ ਰਿਹਾ ਹੈ, ਜਿਹਨਾਂ ਨੇ ਪਹਿਲਾਂ ਹੀ ਹਰਿਆਣਾ ਤੇ ਦਿੱਲੀ ਦੇ ਲੋਕਾਂ ਨਾਲ ਵਾਅਦਾ ਕੀਤਾ ਹੈ ਕਿ ਉਹ ਐਸਵਾਈਐਲ ਨਹਿਰ ਦਾ ਪਾਣੀ ਲਿਆ ਕੇ ਦੇਣਗੇ। ਉਹਨਾਂ ਕਿਹਾ ਕਿ ਆਪ ਇਸ ਕਦਮ ਨਾਲ ਹਰਿਆਣਾ ਤੇ ਦਿੱਲੀ ਵਿਚ ਸਿਆਸੀ ਲਾਹਾ ਲੈਣਾ ਚਾਹੁੰਦੀ ਹੈ। ਅਕਾਲੀ ਦਲ ਦੇ ਪ੍ਰਧਾਨ ਨੇ ਆਪ ਸਰਕਾਰ ਵਲੋਂ ਸਰਕਾਰ ਦੇ ਗੈਰ ਕਾਨੂੰਨੀ ਹੁਕਮ ਮੰਨਣ ਤੋਂ ਇਨਕਾਰੀ 400 ਨਹਿਰੀ ਪਟਵਾਰੀਆਂ ਨੂੰ ਮੁਅੱਤਲ ਕਰਨ ਦੇ ਹੁਕਮਾਂ ਦੀ ਸਖਤ ਨਿਖੇਧੀ ਕੀਤੀ। ਉਹਨਾਂ ਕਿਹਾ ਕਿ ਅਸੀਂ ਪਟਵਾਰੀਆਂ ਦੇ ਮੋਢੇ ਨਾਲ ਮੋਢਾ ਲਾ ਕੇ ਖੜ੍ਹਾ ਹਾਂ ਤੇ ਯਕੀਨੀ ਬਣਾਵਾਂਗੇ ਕਿ ਇਹਨਾਂ ਦਾ ਕੋਈ ਨੁਕਸਾਨ ਨਾ ਹੋਵੇ। ਉਹਨਾਂ ਕਿਹਾ ਕਿ ਅਸੀਂ ਇਸ ਪੰਜਾਬ ਵਿਰੋਧੀ ਸਰਕਾਰ ਨੂੰ ਮਜਬੂਰ ਕਰਾਂਗੇ ਕਿ ਉਹ ਹਰਿਆਣਾ ਨੂੰ ਪਾਣੀ ਦੇਣ ਦਾ ਆਪਣਾ ਫੈਸਲਾ ਵਾਪਸ ਲਵੇ ਅਤੇ ਅਸੀਂ ਇਸ ਵਾਸਤੇ ਕੋਈ ਵੀ ਕੁਰਬਾਨੀ ਦੇਣ ਲਈ ਤਿਆਰ ਹਾਂ। ਸ੍ਰ. ਬਾਦਲ ਨੇ ਫਰੀਦਕੋਟ ਪਾਰਲੀਮਾਨੀ ਹਲਕੇ ਬਾਰੇ ਅਕਾਲੀ ਦਲ ਦੀ ਸਰਕਾਰ ਵੇਲੇ ਹੋਏ ਕੰਮਾਂ ਦਾ ਜਕਿਰ ਕਰਦਿਆਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਇਸ ਇਲਾਕੇ ’ਚੋਂ ਸੇਮ ਦੀ ਸਮੱਸਿਆ ਖਤਮ ਕੀਤੀ ਤੇ ਤੁਹਾਡੀਆਂ ਜਮੀਨਾਂ ਨੂੰ ਵਾਹੀਯੋਗ ਬਣਾਇਆ। ਉਹਨਾਂ ਕਿਹਾ ਕਿ ਅਕਾਲੀ ਦਲ ਦੀਆਂ ਸਰਕਾਰਾਂ ਸਮੇਂ ਤੁਹਾਨੂੰ ਸਿੰਜਾਈ ਸਹੂਲਤਾਂ ਮਿਲੀਆਂ ਤੇ ਤੁਹਾਡੇ ਖੇਤਾਂ ਵਿਚ ਅੰਡਰ ਗਰਾਊਂਡ ਪਾਈਪ ਵੀ ਪਾਏ ਗਏ। ਸਰਦਾਰ ਬਾਦਲ ਨੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਜਦੋਂ ਉਹਨਾਂ ਅਗਲੇ ਮਹੀਨੇ ਦੀ 1 ਤਾਰੀਕ ਨੂੰ ਵੋਟਾਂ ਪਾਉਣੀਆਂ ਹਨ ਤਾਂ ਉਹ 1 ਜੂਨ 1984 ਚੇਤੇ ਰੱਖਣ। ਉਹਨਾਂ ਕਿਹਾ ਕਿ ਤੁਸੀਂ ਚੇਤੇ ਰੱਖਿਓ ਕਿ ਇਸ ਦਿਨ ਦਰਬਾਰ ਸਾਹਿਬ ’ਤੇ ਇੰਦਰਾ ਗਾਂਧੀ ਨੇ ਟੈਂਕਾਂ ਤੇ ਤੋਪਾਂ ਨਾਲ ਹਮਲਾ ਕੀਤਾ ਸੀ। ਇਸ ਮਗਰੋਂ ਕਾਂਗਰਸ ਪਾਰਟੀ ਨੇ ਦਿੱਲੀ ਤੇ ਦੇਸ ਦੇ ਹੋਰ ਸ਼ਹਿਰਾਂ ਵਿੱਚ ਸਿੱਖਾਂ ਦਾ ਕਤਲੇਆਮ ਕਰਵਾਇਆ ਸੀ।  ਉਹਨਾਂ ਕਿਹਾ ਕਿ ਕੀਤੇ ਗੁਨਾਹਾਂ ਲਈ ਕੋਈ ਵੀ ਪੰਜਾਬੀ ਕਾਂਗਰਸ ਨੂੰ ਮੁਆਫ ਨਹੀਂ ਕਰ ਸਕਦਾ। ਫਰੀਦਕੋਟ ਤੋਂ ਅਕਾਲੀ ਦਲ ਦੇ ਉਮੀਦਵਾਰ ਰਾਜਵਿੰਦਰ ਸਿੰਘ ਨੇ ਦੱਸਿਆ ਕਿ ਕਿਵੇਂ ਕਾਂਗਰਸ ਤੇ ਆਪ ਨੇ ਕਿਸਾਨਾਂ ਅਤੇ ਸਮਾਜ ਦੇ ਕਮਜੋਰ ਵਰਗਾਂ ਨਾਲ ਵਿਤਕਰਾ ਕੀਤਾ। ਉਹਨਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਜਿਹਨਾਂ ਦੋਵਾਂ ਪਾਰਟੀਆਂ ਨੇ ਝੂਠੇ ਵਾਅਦਿਆਂ ਨਾਲ ਤੁਹਾਡੇ ਨਾਲ ਧੋਖਾ ਕੀਤਾ, ਉਹਨਾਂ ਨੂੰ ਸਬਕ ਸਿਖਾਇਆ ਜਾਵੇ। ਪਾਰਟੀ ਦੇ ਸੀਨੀਅਰ ਆਗੂ ਪਰਮਬੰਸ ਸਿੰਘ ਰੋਮਾਣਾ ਨੇ ਦੱਸਿਆ ਕਿ ਕਿਵੇਂ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਤਖਤ ਸ੍ਰੀ ਹਜੂਰ ਸਾਹਿਬ ਅਤੇ ਪਟਨਾ ਸਾਹਿਬ ’ਤੇ ਆਰਐਸਐਸ ਦਾ ਕਬਜਾ ਕਰਵਾਉਣਾ ਚਾਹੁੰਦੀ ਹੈ। ਉਹਨਾਂ ਕਿਹਾ ਕਿ ਹਰਿਆਣਾ ਵਿਚ ਵੱਖਰੀ ਗੁਰਦੁਆਰਾ ਕਮੇਟੀ ਦੀ ਸਥਾਪਨਾ ਵਿਚ ਕੇਂਦਰ ਸਰਕਾਰ ਦਾ ਵੀ ਪੂਰਾ ਹੱਥ ਹੈ ਤੇ ਜੇਕਰ ਤੁਸੀਂ ਆਪਣੀਆਂ ਵੋਟਾਂ ਨਾਲ ਇਸਨੂੰ ਨਾ ਰੋਕਿਆ ਤਾਂ ਇਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਹੋਰ ਨੁਕਸਾਨ ਕਰੇਗੀ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਪਰਮਬੰਸ ਸਿੰਘ ਰੋਮਾਣਾ, ਬਲਦੇਵ ਸਿੰਘ ਮਾਣੂਕੇ, ਬਲਜਿੰਦਰ ਸਿੰਘ ਮੱਖਣ ਬਰਾੜ ਅਤੇ ਸਨੀ ਗਿੱਲ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।

## ‘ਸਪੀਕਰ ਸੰਧਵਾਂ ਨੇ ਕੋਟਕਪੂਰਾ ਵਿਖੇ ਕੀਤੀ ਵਰਕਰ ਮਿਲਣੀ’

### ਰਵਾਇਤੀ ਪਾਰਟੀਆਂ ਦੀ ਵੋਟ ਬਟੋਰੂ ਨੀਤੀ ਤੋਂ ਜਾਣੂ ਹੋ ਚੁੱਕਾ ਹੈ ਜਾਗਰੂਕ ਵੋਟਰ : ਸਪੀਕਰ ਸੰਧਵਾਂ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 22 ਮਈ : ਸਥਾਨਕ ਜੈਤੋ ਸੜਕ ’ਤੇ ਸਥਿੱਤ ਅਰੋੜਬੰਸ ਧਰਮਸ਼ਾਲਾ ਵਿਖੇ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵਲੰਟੀਅਰਾਂ ਦੀ ‘ਵਰਕਰ ਮਿਲਣੀ’ ਦੌਰਾਨ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਲੋਕ ਸਭਾ ਚੋਣਾ ਦੀਆਂ ਤਿਆਰੀਆਂ ਸਬੰਧੀ ਵੱਖ ਵੱਖ ਨੁਕਤਿਆਂ ਤੋਂ ਜਾਣੂ ਕਰਵਾਇਆ। ਵਿਧਾਨ ਸਭਾ ਹਲਕਾ ਕੋਟਕਪੂਰਾ ਦੇ ਸਾਰੇ ਬੂਥ ਇੰਚਾਰਜਾਂ ਸਮੇਤ ਵੱਖ ਵੱਖ ਅਹੁਦਿਆਂ ’ਤੇ ਬਿਰਾਜਮਾਨ ਪਾਰਟੀ ਆਗੂਆਂ ਨੂੰ ਸੰਬੋਧਨ ਕਰਦਿਆਂ ਸਪੀਕਰ ਸੰਧਵਾਂ ਨੇ ਆਖਿਆ ਕਿ ਰਵਾਇਤੀ ਪਾਰਟੀਆਂ ਨੇ ਲਗਾਤਾਰ 70 ਸਾਲ ਤੋਂ ਜਿਆਦਾ ਸਮਾਂ ਆਮ ਵੋਟਰ ਨੂੰ ਝੂਠੇ ਲਾਰੇ ਲਾ ਕੇ, ਸਬਜਬਾਗ ਦਿਖਾ ਕੇ, ਸ਼ਰਾਬ ਜਾਂ ਪੈਸਾ ਵੰਡ ਕੇ ਹਰ ਵਾਰ ਮੂਰਖ ਬਣਾਇਆ ਅਤੇ ਵੋਟਾਂ ਬਟੋਰਨ ਤੋਂ ਬਾਅਦ ਕਿਸੇ ਦੀ ਸਾਰ ਤੱਕ ਲੈਣ ਦੀ ਜਰੂਰਤ ਨਾ ਸਮਝੀ। ਉਹਨਾ ਆਖਿਆ ਕਿ 4 ਫਰਵਰੀ 2017 ਅਤੇ 20 ਫਰਵਰੀ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾ ਮੌਕੇ ਹਲਕਾ ਕੋਟਕਪੂਰਾ ਦੇ ਵੋਟਰਾਂ ਨੇ ਨਾ ਤਾਂ ਸ਼ਰਾਬ ਜਾਂ ਕਿਸੇ ਹੋਰ ਵਸਤੂ ਦੀ ਮੰਗ ਕੀਤੀ ਅਤੇ ਨਾ ਹੀ ਪੈਸੇ ਲੈ ਕੇ ਵੋਟ ਪਾਉਣ ਦੀ ਜਿੱਦ ਕੀਤੀ, ਉਲਟਾ ਸ਼ਰਾਬ ਅਤੇ ਪੈਸਾ ਵੰਡਣ ਵਾਲੇ ਰਵਾਇਤੀ ਪਾਰਟੀਆਂ ਦੇ ਆਗੂਆਂ ਨੂੰ ਨਕਾਰਦਿਆਂ ਵੋਟਾਂ ਦੀ ਵੱਡੀ ਲੀਡ ਦੇ ਫਰਕ ਨਾਲ ਜਿੱਤ ਆਮ ਆਦਮੀ ਪਾਰਟੀ ਦੀ ਝੋਲੀ ਵਿੱਚ ਪਾਈ। ਉਹਨਾਂ ਆਸ ਪ੍ਰਗਟਾਈ ਕਿ ਭਵਿੱਖ ਵਿਚ ਵੀ ਕੋਈ ਵੀ ਵੋਟਰ ਰਵਾਇਤੀ ਪਾਰਟੀਆਂ ਦੇ ਲਾਲਚ ਵਿੱਚ ਨਹੀਂ ਆਵੇਗਾ। ਇਸ ਮੌਕੇ ਉਪਰੋਕਤ ਤੋਂ ਇਲਾਵਾ ਇੰਜੀ. ਸੁਖਜੀਤ ਸਿੰਘ ਢਿੱਲਵਾਂ ਚੇਅਰਮੈਨ ਜਿਲਾ ਯੋਜਨਾ ਬੋਰਡ ਫਰੀਦਕੋਟ, ਗੁਰਮੀਤ ਸਿੰਘ ਆਰੇਵਾਲਾ ਚੇਅਰਮੈਨ ਮਾਰਕਿਟ ਕਮੇਟੀ ਕੋਟਕਪੂਰਾ, ਸੁਖਵੰਤ ਸਿੰਘ ਸਰਾਂ ਜਿਲਾ ਯੂਥ ਪ੍ਰਧਾਨ, ਸੁਖਵਿੰਦਰ ਸਿੰਘ ਬੱਬੂ, ਅਰੁਣ ਚਾਵਲਾ, ਬਾਬੂ ਸਿੰਘ ਫਿੱਡੇ, ਐਡਵੋਕੇਟ ਬਾਬੂ ਲਾਲ ਸਮੇਤ ਪ੍ਰਦੀਪ ਕੌਰ ਢਿੱਲੋਂ ਆਦਿ ਨੇ ਵੀ ਸੰਬੋਧਨ ਕੀਤਾ।